ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

# ਜ਼ਿਲ੍ਹੇ ਦੀਆਂ ਮੰਡੀਆਂ 'ਚ ਹੁਣ ਤੱਕ 248084 ਮੀਟ੍ਰਿਕ ਟਨ ਝੋਨੇ ਦੀ ਹੋਈ ਆਮਦ:-ਡਿਪਟੀ ਕਮਿਸ਼ਨਰ

## 246720 ਮੀਟ੍ਰਿਕ ਟਨ ਝੋਨੇ ਦੀ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ ਕੀਤੀ ਗਈ ਖਰੀਦ

### 304.40 ਕਰੋੜ ਰੁਪਏ ਦੀ ਕਿਸਾਨਾਂ ਨੂੰ ਕੀਤੀ ਜਾ ਚੁੱਕੀ ਹੈ ਅਦਾਇਗੀ

### ਮੰਡੀਆਂ 'ਚ ਸੁੱਕਾ ਝੋਨਾ ਲਿਆਉਣ ਦੀ ਅਪੀਲ

ਫਾਜ਼ਿਲਕਾ 26 ਅਕਤੂਬਰ

ਡਿਪਟੀ ਕਮਿਸਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬੀਤੀ ਸਾਮ ਤੱਕ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ 248084 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਅਤੇ 246720 ਮੀਟ੍ਰਿਕ ਟਨ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਹੈ।ਉਨ੍ਹਾਂ ਕਿਹਾ ਕਿ ਝੋਨੇ ਦੀ ਖਰੀਦ ਦਾ ਕੰਮ ਸਮੂਹ ਮੰਡੀਆਂ ਵਿੱਚ ਨਿਰਵਿਘਨ ਚੱਲ ਰਿਹਾ ਤੇ ਪ੍ਰਬੰਧਾਂ ਨੂੰ ਲੈ ਕੇ ਕਿਸਾਨਾਂ ਨੂੰ ਕਿਸੇ ਤਰ੍ਹਾਂ ਦੀ ਦਿੱਕਤ ਨਹੀਂ ਹੈ। ਉਨ੍ਹਾਂ ਦੱਸਿਆ ਕਿ ਬੀਤੇ ਦਿਨ ਤੱਕ ਕਿਸਾਨਾਂ ਨੂੰ 304.40 ਕਰੋੜ ਰੁਪਏ ਦੀ ਅਦਾਇਗੀ ਕੀਤੀ ਜਾ ਚੁੱਕੀ ਹੈ।

ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਦੱਸਿਆ ਕਿ ਕਿਸਾਨਾਂ ਨੂੰ ਮੰਡੀਆਂ 'ਚ ਸੁੱਕਾ ਝੋਨਾ ਲਿਆਉਣ ਦੀ ਅਪੀਲ ਕੀਤੀ, ਤਾਂ ਜੋ ਉਨ੍ਹਾਂ ਨੂੰ ਆਪਣੀ ਢੇਰੀ ਵੇਚਣ ਲਈ ਮੰਡੀਆਂ ਵਿੱਚ ਜ਼ਿਆਦਾ ਦੇਰ ਰੁਕਣਾ ਨਾ ਪਵੇ। ਇਸ ਦੇ ਨਾਲ-ਨਾਲ ਉਨ੍ਹਾਂ ਕਿਸਾਨਾਂ ਨੂੰ ਕਿਹਾ ਕਿ ਫਸਲ ਪੱਕਣ ਉਪਰੰਤ ਹੀ ਮੰਡੀਆਂ ਵਿੱਚ ਲਿਆਈ ਜਾਵੇ।

ਜ਼ਿਲ੍ਹਾ ਫੂਡ ਸਪਲਾਈ ਕੰਟਰੋਲਰ ਸ੍ਰੀਮਤੀ ਗੀਤੂ ਬਿਸ਼ੰਬੂ ਨੇ ਵੱਖ-ਵੱਖ ਖਰੀਦ ਏਜੰਸੀਆਂ ਵੱਲੋਂ ਖਰੀਦ ਕੀਤੇ ਗਏ ਝੋਨੇ ਦਾ ਵੇਰਵਾ ਦਿੰਦਿਆਂ ਦੱਸਿਆ ਕਿ ਬੀਤੇ ਦਿਨ ਤੱਕ ਪਨਗ੍ਰੇਨ ਵੱਲੋ 49615 ਮੀਟ੍ਰਿਕ ਟਨ, ਮਾਰਕਫੈਡ ਵੱਲੋਂ 43563 ਮੀਟ੍ਰਿਕ ਟਨ, ਪਨਸਪ ਵੱਲੋਂ 71372 ਮੀਟ੍ਰਿਕ ਟਨ, ਵੇਅਰਹਾਉਸ ਵੱਲੋਂ 29655 ਮੀਟ੍ਰਿਕ ਟਨ,ਪੰਜਾਬ ਐਗਰੋ ਵੱਲੋਂ 21006 ਮੀਟ੍ਰਿਕ ਟਨ, ਐਫ.ਸੀ.ਆਈ ਵੱਲੋਂ 19 ਮੀਟ੍ਰਿਕ ਟਨ ਅਤੇ ਪ੍ਰਾਇਵੇਟ ਵਪਾਰੀਆਂ ਵੱਲੋਂ 31490 ਮੀਟ੍ਰਿਕ ਟਨ ਝੋਨਾ ਖਰੀਦ ਕੀਤਾ ਗਿਆ।